ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10

ਮਿਤੀ :03-06-2026

ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.), ਅਨਿੰਦਿਤਾ ਮਿੱਤਰਾ ਨੇ ਜਾਣਕਾਰੀ ਦਿੱਤੀ ਏ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ.) ਅਧੀਨ ਵੋਟਰਾਂ ਦੀ ਪ੍ਰੀ-ਮੈਪਿੰਗ ਜਾਂ ਅਗਾਹੂੰ ਨਿਸ਼ਾਨਦੇਹੀ ਦੀ ਗਤੀ ਨੂੰ ਤੇਜ਼ ਕਰਨ ਲਈ, 7 ਜੂਨ ਨੂੰ ਰਾਜ ਭਰ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ। ਹੁਣ ਤੱਕ, 90 ਫੀਸਦੀ ਦੇ ਨਿਰਧਾਰਤ ਟੀਚੇ ਦੇ ਮੁਕਾਬਲੇ ਰਾਜ ਵਿੱਚ ਪ੍ਰੀ-ਐਸ.ਆਈ.ਆਰ. ਮੈਪਿੰਗ ਦਾ 84.62 ਫੀਸਦੀ ਪੂਰਾ ਹੋ ਚੁੱਕਾ ਏ । ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਕੱਲ੍ਹ ਇੱਕ ਮੀਟਿੰਗ ਦੌਰਾਨ, ਸੀ.ਈ.ਓ. ਨੇ ਉਨ੍ਹਾਂ ਨਾਲ 27 ਮਈ ਤੱਕ ਮੈਪ ਨਾ ਕੀਤੇ ਵੋਟਰਾਂ ਦੀ ਇੱਕ ਸੂਚੀ ਸਾਂਝੀ ਕੀਤੀ। ਉਨ੍ਹਾਂ ਨੇ ਉਨ੍ਹਾਂ ਨੂੰ 25 ਜੂਨ ਤੋਂ ਘਰ-ਘਰ ਗਣਨਾ

ਪੜਾਅ ਸ਼ੁਰੂ ਹੋਣ ਤੋਂ ਪਹਿਲਾਂ ਬਲਾਕ ਪੱਧਰੀ ਅਧਿਕਾਰੀਆਂ (ਬੀ.ਐਲ.ਓ.) ਨਾਲ ਤਾਲਮੇਲ ਕਰਕੇ ਪ੍ਰੀ-ਮੈਪਿੰਗ ਦੇ ਕੰਮ ਨੂੰ ਜਲਦੀ ਪੂਰਾ ਕਰਨ ਲਈ ਬੂਥ ਲੈਵਲ ਏਜੰਟ (ਬੀ.ਐਲ.ਏ.) ਨਿਯੁਕਤ ਕਰਨ ਦੀ ਅਪੀਲ ਕੀਤੀ। ਅਮਲ ਸੰਬੰਧੀ ਚਿੰਤਾਵਾਂ ਨੂੰ ਸਪੱਸ਼ਟ ਕਰਦੇ ਹੋਏ, ਮੁਖ ਚੋਣ ਅਧਿਕਾਰੀ ਨੇ ਦੱਸਿਆ ਕਿ ਭਾਵੇਂ ਕੋਈ ਵੋਟਰ ਪ੍ਰੀ-ਐਸ.ਆਈ.ਆਰ. ਦੌਰਾਨ ਮੈਪ ਨਾ ਕੀਤਾ ਗਿਆ ਹੋਵੇ, ਵੋਟਰ ਨੂੰ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ । ਉਸ ਸਥਿਤੀ ਵਿੱਚ, ਚੋਣ ਅਧਿਕਾਰੀ ਵੋਟਰ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਲਈ ਕੁਝ ਦਸਤਾਵੇਜ਼ਾਂ ਦੀ ਮੰਗ ਕਰਨਗੇ।

ਪੰਜਾਬ ਦੇ ਸਰਕਾਰੀ ਸਕੂਲਾਂ ਦੇ 59 ਵਿਦਿਆਰਥੀਆਂ ਨੇ ਭਾਰਤ ਦੀ ਸਭ ਤੋਂ ਔਖੀ ਇੰਜੀਨੀਅਰਿੰਗ ਪ੍ਰਵੇਸ਼ ਪ੍ਰੀਖਿਆ, ਜੇ.ਈ.ਈ. ਐਡਵਾਂਸਡ 2026, ਪਾਸ ਕੀਤੀ ਏ । ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸਾਲ 2025 ਵਿੱਚ 44 ਕੁਆਲੀ ਫਾਈਰਾਂ ਦੇ ਮੁਕਾਬਲੇ ਇਸ ਵਾਰ 34 ਫੀਸਦ ਵਾਧਾ ਦਰਜ ਕੀਤਾ ਗਿਆ ਏ । ਇਸ ਪ੍ਰਾਪਤੀ ’ਤੇ ਮਾਣ ਕਰਦਿਆਂ ਸਿੱਖਿਆ ਮੰਤਰੀ

ਇਹਨਾਂ 59 ਸਫਲ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਮਿਹਨਤ ਸਦਕਾ ਇਹ ਪ੍ਰਾਪਤੀ ਮਿਲੀ ਏ। ਜ਼ਿਲ੍ਹਾਵਾਰ ਅੰਕੜੇ ਸਾਂਝੇ ਕਰਦਿਆਂ ਸਿੱਖਿਆ ਮੰਤਰੀ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹਾ ਕੁਆਲੀਫਾਈ ਕਰਨ ਵਾਲੇ 11 ਵਿਦਿਆਰਥੀਆਂ ਨਾਲ ਸਭ ਤੋਂ ਮੋਹਰੀ ਜ਼ਿਲੇ ਵਜੋਂ ਉਭਰਿਆ, ਜਿਸ ਤੋਂ ਬਾਅਦ 7 ਵਿਦਿਆਰਥੀਆਂ ਨਾਲ ਸੰਗਰੂਰ ਦੂਜੇ ਸਥਾਨ 'ਤੇ ਰਿਹਾ ਜਦਕਿ ਲੁਧਿਆਣਾ, ਫਿਰੋਜ਼ਪੁਰ ਅਤੇ ਐਸਏਐਸ ਨਗਰ ਤੋਂ ਛੇ-ਛੇ ਵਿਦਿਆਰਥੀਆਂ ਦੀ ਚੋਣ ਹੋਈ। ਉਹਨਾਂ ਦੱਸਿਆ ਕਿ ਫਤਿਹਗੜ੍ਹ ਸਾਹਿਬ ਤੋਂ 5 ਵਿਦਿਆਰਥੀ ਕੁਆਲੀਫਾਈ ਹੋਏ ਜਦਕਿ ਅੰਮ੍ਰਿਤਸਰ ਅਤੇ ਜਲੰਧਰ ਦੇ 4-4 ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ। ਇਸੇ ਤਰ੍ਹਾਂ ਬਠਿੰਡਾ ਅਤੇ ਗੁਰਦਾਸਪੁਰ ਦੇ 3-3 ਵਿਦਿਆਰਥੀ, ਫਾਜ਼ਿਲਕਾ ਤੋਂ 2 ਅਤੇ ਰੂਪਨਗਰ ਤੇ ਹੁਸ਼ਿਆਰਪੁਰ ਤੋਂ ਇੱਕ-ਇੱਕ ਵਿਦਿਆਰਥੀ ਦੀ ਚੋਣ ਹੋਈ ਏ। ਇਸ ਪ੍ਰਾਪਤੀ ਨੂੰ ਸਰਕਾਰੀ ਸਕੂਲ ਸਿੱਖਿਆ ਦੇ ਖੇਤਰ 'ਚ ਵੱਡਾ ਮੀਲ ਪੱਥਰ ਦੱਸਦਿਆਂ ਤੇ ਇਸ ਪ੍ਰਾਪਤੀ ਦਾ ਸਿਹਰਾ ਪ੍ਰਣਾਲੀਗਤ ਸੁਧਾਰਾਂ ਨੂੰ ਦਿੰਦਿਆਂ ਸ਼੍ਰੀ ਬੈਂਸ ਨੇ ਕਿਹਾ ਕਿ ਇਹ

ਸਫਲਤਾ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਟੀਚਾਮੁਖੀ ਕੰਮਾਂ ਦਾ ਹੀ ਨਤੀਜਾ ਏ। ਇਹ ਪਹਿਲਕਦਮੀ ਸਰਕਾਰੀ ਸਕੂਲਾਂ ਵਿੱਚ ਜੇਈਈ ਅਤੇ ਨੀਟ ਦੇ ਚਾਹਵਾਨਾਂ ਵਿਦਿਆਰਾਥੀਆਂ ਨੂੰ ਮਿਆਰੀ ਦਰਜੇ ਦੀ ਮੁਫ਼ਤ ਕੋਚਿੰਗ, ਅਤਿ – ਆਧੁਨਿਕ ਬੁਨਿਆਦੀ ਢਾਂਚਾ ਅਤੇ ਢੁੱਕਵੀਂ ਸਲਾਹ ਪ੍ਰਦਾਨ ਕਰਦੀ ਏ।

ਕਲ੍ਹ ਗੁਰਦਾਸਪੁਰ ਦੇ ਸਰਹੱਦੀ ਕਸਬੇ ਕਲਾਨੌਰ ਦੇ ਇੱਕ ਨਿਜੀ ਹਸਪਤਾਲ ਵਿਚ ਗ੍ਰਨੇਡ ਨਾਲ ਹਮਲਾ ਕਰਨ ਵਾਲੇ ਮੁਖ ਦੋਸ਼ੀ ਨੂੰ ਗੁਰਦਾਸਪੁਰ ਪੁਲਿਸ ਅਤੇ ਕਾਉਂਟਰ ਇੰਟੈਲੀਜੇਂਸ ਵਿੰਗ ਦੇ ਸਾਂਝੇ ਯਤਨਾ ਨਾਲ ਗਿਰਫਤਾਰ ਕਰ ਲਿਆ ਗਿਆ ਏ. ਇਸ ਹਮਲੇ ਵਿਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਏ. ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡਿਆ ਅਕਾਉਂਟ ਰਾਹੀਂ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਢਲੀ ਜਾਂਚ ਵਿਚ ਵਿਦੇਸ਼ ਬੈਠੇ ਇੱਕ ਵਿਅਕਤੀ ਦੀ ਸ਼ਮੂਲੀਅਤ ਬਾਰੇ ਵੀ ਪਤਾ ਚਲਿਆ ਏ. ਓਹਨਾਂ ਦੱਸਿਆ ਕਿ ਅਗਲੇਰੀ ਜਾਂਚ ਜਾਰੀ ਏ.

ਭਾਰਤੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਨੇ ਕਸ਼ਮੀਰ ਦੇ ਮਸ਼ਹੂਰ ਸੁਆਦਲੇ ਚੈਰੀ ਨੂੰ ਅੰਮ੍ਰਿਤਸਰ ਤੋਂ ਹਾਈ-ਸਪੀਡ ਰੇਲ ਰਾਹੀਂ ਮਹਾਰਾਸ਼ਟਰ ਅਤੇ ਗੁਜਰਾਤ ਸਮੇਤ ਦੇਸ਼ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਪਹੁੰਚਾਉਣਾ ਸ਼ੁਰੂ ਕਰ ਦਿੱਤਾ ਏ। ਇਸ ਸੇਵਾ ਨੇ ਨਾ ਸਿਰਫ਼ ਕਸ਼ਮੀਰ ਦੇ ਚੈਰੀ ਉਤਪਾਦਕਾਂ ਨੂੰ ਰਾਹਤ ਦਿੱਤੀ ਏ, ਸਗੋਂ ਇਹ ਫਲ ਪ੍ਰੇਮੀਆਂ ਨੂੰ ਕਸ਼ਮੀਰ ਵਾਦੀ ਦੇ ਰਸਦਾਰ ਚੈਰੀ ਦਾ ਸੁਆਦ ਲੈਣ ਵਿੱਚ ਵੀ ਮਦਦ ਕਰ ਰਹੀ ਏ. ਇਸਦੀ ਗੁਣਵੱਤਾ ਅਤੇ ਤਾਜ਼ਗੀ ਬਣਾਈ ਰੱਖਣ ਲਈ, ਫਿਰੋਜ਼ਪੁਰ ਡਿਵੀਜ਼ਨ ਨੇ ਛੇਤੀ ਖਰਾਬ ਹੋਣ ਵਾਲੇ ਇਸ ਫਲ ਲਈ ਢੋਆ – ਢੁਆਈ ਪ੍ਰਬੰਧ ਯਕੀਨੀ ਬਣਾਏ ਨੇ. ਅੰਮ੍ਰਿਤਸਰ ਤੋਂ ਇਹ ਫਲ ਰੇਲਵੇ ਦੀਆਂ ਵਿਸ਼ੇਸ਼ ਪਾਰਸਲ ਵੈਨਾਂ ਰਾਹੀਂ ਲਗਭਗ 29 ਘੰਟਿਆਂ ਵਿੱਚ ਗੁਜਰਾਤ ਦੇ ਵਡੋਦਰਾ ਅਤੇ ਸੂਰਤ ਅਤੇ 31 ਘੰਟਿਆਂ ਵਿੱਚ ਮੁੰਬਈ ਦੇ ਬਾਂਦਰਾ ਪਹੁੰਚਦਾ ਏ। ਫਿਰੋਜ਼ਪੁਰ ਸਥਿਤ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ (ਮਾਲ ਸੇਵਾਵਾਂ), ਪਰਮਦੀਪ ਸਿੰਘ ਸੈਣੀ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਮਈ ਦੇ ਅਖੀਰ

ਵਿੱਚ, ਕਰੀਬ 13 ਟਨ ਪ੍ਰੀਮੀਅਮ-ਗੁਣਵੱਤਾ ਵਾਲੀਆਂ ਚੈਰੀਆਂ ਦੋਵਾਂ ਰਾਜਾਂ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਭੇਜੀਆਂ ਗਈਆਂ. ਉਨ੍ਹਾਂ ਕਿਹਾ ਕਿ ਕਸ਼ਮੀਰ ਤੋਂ ਖੇਪਾਂ ਮਈ ਦੇ ਅਖੀਰ ਤੋਂ ਜੁਲਾਈ ਦੇ ਮੱਧ ਵਿਚਕਾਰ ਹੋਰ ਡਿਲੀਵਰੀ ਲਈ ਆਉਂਦੀਆਂ ਨੇ. ਇਹ ਆਵਾਜਾਈ ਜੰਮੂ-ਕਸ਼ਮੀਰ ਦੇ ਚੈਰੀ ਉਤਪਾਦਕਾਂ ਨੂੰ ਉਨ੍ਹਾਂ ਦੇ ਉਤਪਾਦਾਂ ਦੇ ਵਧੀਆ ਭਾਅ ਪ੍ਰਾਪਤ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੀ ਏ।